# ਪੰਜਾਬ ਸਕੂਲ ਸਿੱਖਿਆ ਬੋਰਡ

## ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਰਿਵਾਈਜ਼ਡ ਸ਼ਡਿਊਲ

**ਅਕਾਦਮਿਕ ਸਾਲ** 2025-26 ਲਈ **ਦਾਖਲੇ ਦੀਆਂ ਮਿਤੀਆਂ ਵਿੱਚ ਵਾਧਾ ਕਰਨ ਕਰਕੇ ਅੱਠਵੀਂ ਤੋਂ** ਬਾਰ੍ਹਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ/ **ਕੰਟੀਨਿਊਸ਼ਨ ਕਰਨ ਸਬੰਧੀ** ਮਿਤੀ **12-05-25** ਰਾਹੀ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ ਦੀ ਲਗਾਤਾਰਤਾ ਵਿੱਚ ਹੇਠ ਲਿਖੇ ਅਨੁਸਾਰ ਵਾਧਾ / ਤਬਦੀਲੀ **ਕਰਦੇ ਹੋਏ ਰਿਵਾਈਜ਼ਡ ਸ਼ਡਿਊਲ ਨਿਰਧਾਰਿਤ ਕੀਤਾ ਜਾਂਦਾ ਹੈ** :-

### ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਦੀਆਂ ਮਿਤੀਆਂ ਦਾ ਰਿਵਾਈਜ਼ਡ ਸ਼ਡਿਊਲ

| ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀ | ਐਪਲੀਕੇਸ਼ਨ ਚਾਲੂ ਕਰਨ ਦੀ ਮਿਤੀ | ਆਫ-ਲਾਈਨ ਫੀਸ ਚਲਾਨ ਜਨਰੇਟ ਕਰਨ ਦੀ ਆਖਰੀ ਮਿਤੀ | ਆਫ-ਲਾਈਨ ਫੀਸ ਚਲਾਨ ਬੈਂਕ ਵਿੱਚ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ | ਆਨ-ਲਾਈਨ ਐਂਟਰੀ ਅਤੇ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ |
|---|---|---|---|---|
| ਬਿਨ੍ਹਾਂ ਲੇਟ ਫੀਸ | 12-05-2025 | 01-08-2025 | 06-08-2025 | 06-08-2025 |
| 500/-ਰੁ: ਲੇਟ ਫੀਸ ਨਾਲ | 07-08-2025 | 18-08-2025 | 23-08-2025 | 23-08-2025 |
| 1500/-ਰੁ: ਲੇਟ ਫੀਸ ਨਾਲ | 24-08-2025 | 04-09-2025 | 09-09-2025 | 09-09-2025 |

**ਨੋਟ :-**

**(1)** ਜਿਹੜੇ ਸਕੂਲਾਂ ਨੇ ਪਹਿਲਾਂ ਚਲਾਨ ਜਨਰੇਟ ਕਰ ਲਿਆ ਹੈ, ਉਹਨਾਂ ਸਕੂਲਾਂ ਵਾਸਤੇ ਚਲਾਨ ਉੱਪਰ ਦਰਜ Challan Valid Date ਤੱਕ ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣਾ ਲਾਜ਼ਮੀ ਹੈ। ਉਹਨਾਂ ਸਕੂਲਾਂ ਨੂੰ Challan Valid Date ਵਿੱਚ ਕਿਸੇ ਕਿਸਮ ਦੀ ਕੋਈ ਛੋਟ ਨਹੀ ਦਿੱਤੀ ਜਾਵੇਗੀ। Challan Valid Date ਖਤਮ (End) ਹੋਣ ਤੋਂ ਬਾਅਦ ਹੀ ਨਿਰਧਾਰਿਤ ਸ਼ਡਿਊਲ ਅਨੁਸਾਰ ਨਵਾਂ ਚਲਾਨ ਰੀ-ਜਨਰੇਟ ਕੀਤਾ ਜਾ ਸਕਦਾ ਹੈ।

**(2)** ਸਕੂਲਾਂ ਵੱਲੋਂ ਜਿੰਨਾਂ ਵਿਦਿਆਰਥੀਆਂ ਨੂੰ ਆਨ-ਲਾਈਨ ਰਜਿਸਟਰਡ ਕੀਤਾ ਜਾ ਚੁੱਕਾ ਹੈ, ਉਹਨਾਂ ਵਿੱਚੋਂ ਜੇਕਰ ਕਿਸੇ ਵਿਦਿਆਰਥੀ ਨੇ ਆਪਣਾ ਸਕੂਲ ਛੱਡਕੇ ਦੂਸਰੇ ਸਕੂਲ ਵਿੱਚ ਦਾਖਲਾ ਲੈਣਾ ਹੈ ਤਾਂ ਉਸਨੂੰ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਵਾਉਣੀ ਲਾਜ਼ਮੀ ਹੈ!

**(3)** **ਉਪਰੋਕਤ ਤੋਂ ਇਲਾਵਾ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ/ਹਦਾਇਤਾਂ ਵਿੱਚ ਦਰਜ਼ ਕੀਤੀਆਂ ਗਈਆਂ ਸ਼ਰਤਾਂ ਹੁਣ ਜਾਰੀ ਕੀਤੇ ਜਾ ਰਹੇ ਰਿਵਾਈਜ਼ਡ ਸ਼ਡਿਊਲ 'ਤੇ ਵੀ ਇੰਨ-ਬਿੰਨ ਲਾਗੂ ਰਹਿਣਗੀਆਂ।**

**ਵਿਸ਼ੇਸ਼ ਨੋਟ :-**

ਇਸ ਸੈਸ਼ਨ 2025-26 ਲਈ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਦਾ ਕਾਰਜ਼ ਮੁਕੰਮਲ ਕਰਨ ਲਈ ਉਚਿੱਤ ਸਮਾਂ ਦਿੱਤਾ ਜਾ ਰਿਹਾ ਹੈ। ਇਸ ਦੇ ਬਾਵਜੂਦ ਵੀ ਜੇਕਰ ਕਿਸੇ ਸੰਸਥਾ/ਸਕੂਲ ਨੂੰ ਅਜਿਹੀ ਅਣਗਹਿਲੀ ਲਈ ਜਿੰਮੇਵਾਰ ਪਾਇਆ ਜਾਂਦਾ ਹੈ ਤਾਂ ਨਿਰਧਾਰਿਤ ਸ਼ਡਿਊਲ ਤੋਂ ਬਾਅਦ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਦਾ ਕੋਈ ਹੋਰ ਮੌਕਾ ਨਹੀ ਦਿੱਤਾ ਜਾਵੇਗਾ ਅਤੇ ਬੋਰਡ ਨਾਲ ਸਬੰਧਤ ਐਫੀਲਿਏਟਿਡ/ਐਸੋਸੀਏਟਿਡ ਸੰਸਥਾਵਾ ਵਿਰੁੱਧ ਐਫੀਲਿਏਸ਼ਨ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸੇ ਤਰ੍ਹਾਂ ਸਰਕਾਰੀ/ਏਡਿਡ ਸਕੂਲਾਂ ਦੇ ਕੇਸ ਵਿੱਚ ਸਬੰਧਤ ਸਕੂਲਾਂ ਦੇ ਪ੍ਰਿੰਸੀਪਲ/ਮੁੱਖ ਅਧਿਆਪਕ ਵਿਰੁੱਧ ਵਿਨਿਯਮਾਂ ਅਨੁਸਾਰ ਕਾਰਵਾਈ ਕਰਨ ਲਈ ਡਾਇਰੈਕਟਰ (ਐਲੀਮੈਂਟਰੀ/ਸੈਕੰਡਰੀ), ਸਿੱਖਿਆ ਵਿਭਾਗ, ਪੰਜਾਬ ਸਰਕਾਰ ਨੂੰ ਲਿਖਿਆ ਜਾਵੇਗਾ।

22/07/2025

**ਸੁਪਰਡੰਟ**

**ਰਜਿਸਟਰੇਸ਼ਨ ਸ਼ਾਖਾ**